Punjab Government Gazette

EXTRAORDINARY

Published by Authority

CHANDIGARH, WEDNESDAY, DECEMBER 31, 2025 (PAUSA 10, 1947 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

ਅਧਿਸੂਚਨਾ

ਮਿਤੀ 31 ਦਸੰਬਰ, 2025

ਨੰਬਰ:04/55/ਹਲਕਾਬੰਦੀ(ਸ-1)/ਮਚਸ਼/2025/361.-ਅਧਿਸੂਚਨਾ ਨੰਯ 04/55/ਹਲਕਾਬੰਦੀ(ਸ-1)/ਮਚਸ਼/2025/244 ਮਿਤੀ 19-12-2025 ਦੀ ਨਿਰੰਤਰਤਾ ਵਿੱਚ ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ 3 ਆਫ 1911) ਦੀ ਧਾਰਾ 240 (1)(ਬੀ) ਅਤੇ ਡਿਲੀਮੀਟੇਸ਼ਨ ਆਫ ਵਾਰਡਜ ਆਫ ਮਿਉਂਸਪੈਲਟੀਜ ਰੂਲਜ, 1972 ਦੇ ਰੂਲ 9 ਅਧੀਨ ਅਤੇ ਇਸ ਸਬੰਧ ਵਿਚ ਦੂਸਰੇ ਸਮੂਹ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਨਗਰ ਪੰਚਾਇਤ, ਭਿਖੀਵਿੰਡ ਨੂੰ ਵਾਰਡਾਂ ਵਿੱਚ ਵੰਡਣ ਅਤੇ ਅਜਿਹੇ ਹਰ ਇਕ ਵਾਰਡ ਵਿਚੋਂ ਚੁਣੇ ਜਾਣ ਲਈ ਨੁਮਾਇੰਦਿਆਂ ਦੀ ਗਿਣਤੀ ਨਿਸਚਿਤ ਕਰਨ ਲਈ ਹੇਠ ਲਿਖੇ ਨਿਯਮ ਬਣਾਉਂਦੇ ਹਨ:-

ਨਿਯਮ

ਨਗਰ ਪੰਚਾਇਤ, ਭਿਖੀਵਿੰਡ ਜਿਲ੍ਹਾ ਤਰਨਤਾਰਨ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਪੰਚਾਇਤ ਭਿਖੀਵਿੰਡ ਨੂੰ 13 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 09 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:-

1. ਅਨੁਸੂਚਿਤ ਜਾਤੀਆ ਦੇ ਮੈਂਬਰਾ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ ਅਤੇ
4. ਪੱਛੜੀ ਸ੍ਰੇਣੀਆਂ ਦੇ ਮੈਂਬਰਾ ਲਈ ਰਾਖਵਾ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

ਨਗਰ ਪੰਚਾਇਤ, ਭਿਖੀਵਿੰਡ, ਜਿਲ੍ਹਾ ਤਰਨਤਾਰਨ ਦੇ ਵਾਰਡਾਂ ਦੀਆਂ ਹੱਦਾਂ ਦਾ ਵਰਣਨ ਦੱਸਦੀ ਅਨੁਸੂਚੀ

ਵਾਰਡ ਨੰਬਰ: 1 (ਪੱਛੜੀਆਂ ਸ੍ਰੇਣੀਆਂ ਦੇ ਮੈਂਬਰਾਂ ਲਈ ਰਾਖਵਾਂ)

ਨਗਰ ਪੰਚਾਇਤ ਦੀ ਉੱਤਰੀ ਹੱਦ ਅਤੇ ਅੰਮ੍ਰਿਤਸਰ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਅੰਮ੍ਰਿਤਸਰ ਰੋਡ ਦੇ ਨਾਲ ਚੱਲਦੇ ਹੋਏ ਗਲੀ ਬੁੱਟਰ ਕਾਰ ਬਜ਼ਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟਾਵਰ ਵਾਲੀ ਤੀਕ, ਫਿਰ

ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਾਕਟਰ ਹਰਿੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਪੁਹਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 2

ਅੰਮ੍ਰਿਤਸਰ ਰੋਡ ਅਤੇ ਨਗਰ ਪੰਚਾਇਤ ਦੀ ਉੱਤਰੀ ਹੱਦ (ਡਰੇਨ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਉੱਤਰੀ ਹੱਦ (ਡਰੇਨ) ਦੇ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਰਸਤਾ ਛੱਪੜ ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਲਿੰਕ ਗਲੀ ਗੁਰੂਦੁਆਰਾ ਸਾਹਿਬ ਬਾਬਾ ਜੀਵਨ ਸਿੰਘ ਜੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰੂਦੁਆਰਾ ਬਾਬਾ ਜੀਵਨ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਖੂਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਪੱਤੀ ਦਾਸ ਕੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰਾਜ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤਾਜ ਫਰਿਜਾ ਵਾਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਡੀ.ਏ.ਵੀ ਰੋਡ ਤੀਕ, ਫਿਰ ਰੋਡ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਹੱਦ (ਡਰੇਨ) ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 3 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾਂ ਲਈ ਰਾਖਵਾਂ)

ਰਸਤਾ ਛੱਪੜ ਅਤੇ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਦੇ ਨਾਲ ਚੱਲਦੇ ਹੋਏ ਪਿੰਡ ਬਲੇਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਅਰਦਾਸ ਮੈਡੀਕਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਿੰਡ ਬਲੇਰ ਦੀ ਫਿਰਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਪਿੰਡ ਬਲੇਰ ਦੀ ਫਿਰਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਦੁਧੁਸੀ ਸਾਹ ਤੀਕ, ਫਿਰ ਉਕਤ ਗਲੀ ਨਾਲੀ ਚੱਲਦੇ ਹੋਏ ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਬੀ.ਐਸ.ਐਨ.ਐਲ ਦਫਤਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਮਿਸ਼ਨ ਹਸਪਤਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਰਕਾਰੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰੂਦੁਆਰਾ ਪੱਤੀ ਦਾਸ ਕੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੂਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਬਾਬਾ ਜੀਵਨ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰਸਤਾ ਛੱਪੜ ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 4

ਅੰਮ੍ਰਿਤਸਰ ਰੋਡ ਅਤੇ ਡੀ.ਏ.ਵੀ. ਸਕੂਲ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਡੀ.ਏ.ਵੀ ਸਕੂਲ ਰੋਡ ਦੇ ਨਾਲ ਚੱਲਦੇ ਹੋਏ ਗਲੀ ਰਾਜ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਮਿਸ਼ਨ ਹਸਪਤਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਬੀ.ਐਸ.ਐਨ.ਐਲ ਦਫਤਰ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਮਿਸ਼ਨ ਹਸਪਤਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਿਸ਼ਨ ਹਸਪਤਾਲ ਰੋਡ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਮਿਸ਼ਨ ਹਸਪਤਾਲ ਰੋਡ ਨੂੰ ਪਾਰ ਕਰਦੇ ਹੋਏ ਲਿੰਕ ਗਲੀ ਬਲੇਰ ਰੋਡ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਬਲੇਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਡੀ.ਏ.ਵੀ. ਸਕੂਲ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 5 (ਇਸਤਰੀ ਮੈਂਬਰਾਂ ਲਈ ਰਾਖਵਾਂ)

ਅੰਮ੍ਰਿਤਸਰ ਰੋਡ ਅਤੇ ਬਲੇਰ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਬਲੇਰ ਰੋਡ ਦੇ ਨਾਲ ਚੱਲਦੇ ਹੋਏ ਲਿੰਕ ਗਲੀ ਬਲੇਰ ਰੋਡ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਿਸ਼ਨ ਹਸਪਤਾਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ

ਗਲੀ ਸਰਕਾਰੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪੱਟੀ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਐਸ.ਬੀ.ਆਈ. ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬਲੇਰ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 6 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਪਿੰਡ ਬਲੇਰ ਰੋਡ ਅਤੇ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਦੇ ਨਾਲ ਚੱਲਦੇ ਹੋਏ ਪੱਟੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਮਿਸ਼ਨ ਹਸਪਤਾਲ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬੀ.ਐਸ.ਐਨ.ਐਲ. ਦਫਤਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬਲੇਰ ਪਿੰਡ ਦੀ ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਦੁਧੂਸੀ ਸਾਹ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਪਿੰਡ ਬਲੇਰ ਦੀ ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਗਲੀ ਅਰਦਾਸ ਮੈਡੀਕਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਿੰਡ ਬਲੇਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 7 (ਇਸਤਰੀ ਮੈਂਬਰਾਂ ਲਈ ਰਾਖਵਾਂ)

ਪੱਟੀ ਰੋਡ ਅਤੇ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਦੇ ਨਾਲ ਚੱਲਦੇ ਹੋਏ ਕੱਚਾ ਰਸਤਾ (ਕੱਚੀ ਕਲੋਨੀ) ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਅੰਮ੍ਰਿਤਸਰ-ਖੇਮਕਰਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਆਦਰਸ਼ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਕੁਲ ਕਾਲਜ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੋਪ੍ਰਲ ਗਾਰਡਨ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਮੋਹਨ ਸਿੰਘ ਸਰਾਫ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਹੁਸੈਨਪੁਰਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਬਾਈਪਾਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਰੀਗਰ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਹੁਸੈਨਪੁਰਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪੱਟੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੂਰਬੀ ਹੱਦ (ਡਰੇਨ) ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 8 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਅੰਮ੍ਰਿਤਸਰ-ਖੇਮਕਰਨ ਰੋਡ ਅਤੇ ਨਗਰ ਪੰਚਾਇਤ ਦੀ ਦੱਖਣੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਦੱਖਣੀ ਹੱਦ ਅਤੇ ਪੱਛਮੀ ਹੱਦ ਦੇ ਨਾਲ ਚੱਲਦੇ ਹੋਏ ਗਲੀ ਕੇਵਲ ਕ੍ਰਿਸ਼ਨ ਸੈਲਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਾਸੀ ਕਲੋਨੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਈਪਾਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਹੁਸੈਨਪੁਰਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਮੋਹਨ ਸਿੰਘ ਸਰਾਫ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੋਪ੍ਰਲ ਗਾਰਡਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਅੰਮ੍ਰਿਤਸਰ-ਖੇਮਕਰਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰੂਕੁਲ ਕਾਲਜ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਆਦਰਸ਼ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਅੰਮ੍ਰਿਤਸਰ-ਖੇਮਕਰਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਦੱਖਣੀ ਹੱਦ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 9 (ਇਸਤਰੀ ਮੈਂਬਰਾਂ ਲਈ ਰਾਖਵਾਂ)

ਅੰਮ੍ਰਿਤਸਰ ਰੋਡ ਅਤੇ ਗਲੀ ਕੇਵਲ ਕ੍ਰਿਸ਼ਨ ਸੈਲਰ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਕੇਵਲ ਕ੍ਰਿਸ਼ਨ ਸੈਲਰ ਵਾਲੀ ਦੇ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਗਲੀ ਪੱਤਰਕਾਰ ਗੋਲਣ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਡਾਕਟਰ ਅਰੋਵਾ ਵਾਲੀ ਤੀਕ, ਫਿਰ ਉਕਤ ਗਲੀ ਨਾਲ

ਚੱਲਦੇ ਹੋਏ ਸਾਹਮਣੇ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪਾਸੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਪਾਸੀ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਪੱਟੀ ਰੋਡ ਨੂੰ ਪਾਰ ਕਰਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲ ਸਰਕਾਰੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਿਸ਼ਨ ਹਸਪਤਾਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਪੱਟੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਹੁਸੈਨਪੁਰਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਰੀਗਰ ਕਲੋਨੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਾਸੀ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਕੇਵਲ ਕ੍ਰਿਸ਼ਨ ਸੈਲਰ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 10

ਅੰਮ੍ਰਿਤਸਰ ਰੋਡ ਅਤੇ ਪੱਟੀ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਪੱਟੀ ਰੋਡ ਦੇ ਨਾਲ ਚੱਲਦੇ ਹੋਏ ਲਿੰਕ ਗਲੀ ਪੱਟੀ ਰੋਡ ਵਾਲੀ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪਾਸੀ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਾਸੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪੱਟੀ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 11 (ਇਸਤਰੀ ਮੈਂਬਰਾਂ ਲਈ ਰਾਖਵਾਂ)

ਅੰਮ੍ਰਿਤਸਰ ਰੋਡ ਅਤੇ ਗਲੀ ਡਾਕਟਰ ਅਰੋਵਾ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਡਾਕਟਰ ਅਰੋਵਾ ਵਾਲੀ ਦੇ ਨਾਲ ਚੱਲਦੇ ਹੋਏ ਲਿੰਕ ਗਲੀ ਪੱਤਰਕਾਰ ਗੋਲਣ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੱਤਰਕਾਰ ਗੋਲਣ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਮਨਜੀਤ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੋਕਰ ਮੁਹੱਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਅਮਰਨਾਥ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਪੁਹਵਿੰਡ ਰੋਡ ਨੂੰ ਪਾਰ ਕਰਦੇ ਹੋਏ ਗਲੀ ਬਲਵਿੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਖਾਲੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਟਾਵਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬੁੱਟਰ ਕਾਰ ਬਜ਼ਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਐਸ.ਬੀ.ਆਈ. ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪੱਟੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਅੰਮ੍ਰਿਤਸਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਡਾਕਟਰ ਅਰੋਵਾ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 12 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾਂ ਲਈ ਰਾਖਵਾਂ)

ਪੁਹਵਿੰਡ ਰੋਡ ਅਤੇ ਗਲੀ ਅਮਰਨਾਥ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਅਮਰਨਾਥ ਵਾਲੀ ਦੇ ਨਾਲ ਚੱਲਦੇ ਹੋਏ ਗਲੀ ਕੋਕਰ ਮੁਹੱਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਮਨਜੀਤ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪੱਤਰਕਾਰ ਗੋਲਣ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਅਰੋਵਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੱਤਰਕਾਰ ਗੋਲਣ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਪੁਹਵਿੰਡ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਬਾਬਾ ਦੀਪ ਸਿੰਘ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਪੁਹਵਿੰਡ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਅਮਰਨਾਥ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 13

ਗਲੀ ਬਲਵਿੰਦਰ ਸਿੰਘ ਵਾਲੀ ਅਤੇ ਪੁਹਵਿੰਡ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਪੁਹਵਿੰਡ ਰੋਡ ਦੇ ਨਾਲ ਚੱਲਦੇ ਹੋਏ ਸਾਹਮਣੇ ਗਲੀ ਬਾਬਾ ਦੀਪ ਸਿੰਘ ਕਲੋਨੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਪੁਹਵਿੰਡ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੱਛਮੀ ਹੱਦ (ਖਾਲੜਾਂ ਰੋਡ ਪਾਰ ਕਰਕੇ) ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਪੁਹਲਾ ਰੋਡ ਤੀਕ, ਫਿਰ ਰੋਡ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ

ਹੋਏ ਗਲੀ ਡਾਕਟਰ ਹਰਿੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟਾਵਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਖਾਲੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਬਲਵਿੰਦਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪੁਹਵਿੰਡ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਸਹੀ/-

ਮਨਜੀਤ ਸਿੰਘ ਬਰਾੜ, ਆਈ.ਏ.ਐਸ

ਸਕੱਤਰ, ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

ਮਿਤੀ 31 ਦਸੰਬਰ, 2025

3598/12-2025/Pb. Govt. Press, S.A.S. Nagar